ਦਫਤਰ ਜਿਲ੍ਹਾ ਸਿੱਖਿਆ ਅਫਸਰ (ਐ:ਸਿ:)-ਕਮ-ਜਿਲ੍ਹਾ ਪ੍ਰੋਜੈਕਟ ਡਾਇਰੈਕਟਰ, ਸਰਵ ਸਿੱਖਿਆ ਅਭਿਆਨ, ਸੈਕਟਰ-54, ਫੇਜ-2, ਸਾਹਿਬਜ਼ਾਦਾ ਅਜੀਤ ਸਿੰਘ ਨਗਰ।

ਫੋਨ ਨੰ:0172-2274100 ਈ-ਮੇਲ:- deossamohali@gmail.com

---

# ਅੰਤਕਾ
## ਫ਼ਾਰਮ-II

ਵੱਲ:

ਮੈਨੇਜਰ/ਚੇਅਰਪਰਸਨ/ਸਕੱਤਰ
ਮਾਨਵ ਮੰਗਲ ਸਮਾਰਟ ਸਕੂਲ
ਫੇਜ਼-10, ਸ.ਅ.ਸ ਨਗਰ।

ਪੱਤਰ ਨੰ.: ਆਰ.ਟੀ.ਈ./ਮਾਨਤਾ/ 2016/017/07 ਮਿਤੀ: 08/07/2016

ਵਿਸ਼ਾ: "ਬੱਚਿਆਂ ਦਾ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਦਾ ਅਧਿਕਾਰ ਐਕਟ-2009' ਦੀ ਧਾਰਾ 18 ਦੇ ਮੰਤਵ ਲਈ" ਪੰਜਾਬ ਬੱਚਿਆਂ ਦਾ ਮੁਫ਼ਤ ਅਤੇ ਲਾਜ਼ਮੀ-ਸਿੱਖਿਆ ਦਾ ਅਧਿਕਾਰ ਨਿਯਮ 2011' ਦੇ ਨਿਯਮ 11 ਦੇ ਉਪ ਨਿਯਮ (4) ਅਧੀਨ ਆਪ ਜੀ ਦੇ ਸਕੂਲ ਨੂੰ ਮਾਨਤਾ ਪੱਤਰ।

ਸ੍ਰੀਮਾਨ/ਸ੍ਰੀਮਤੀ ਜੀ,

ਆਪ ਜੀ ਦੀ ਪ੍ਰਤੀਬੇਨਤੀ ਅਤੇ ਆਪ ਵਲੋਂ ਦਿੱਤੀ ਗਈ ਸਵੈ-ਘੋਸ਼ਨਾ ਦੇ ਆਧਾਰ ਤੇ ਮੈਂ ਮਾਨਵ ਮੰਗਲ ਸਮਾਰਟ ਸਕੂਲ, ਫੇਜ਼-10 ਨੂੰ ਜਮਾਤ ਪਹਿਲੀ ਤੋਂ ਜਮਾਤ ਅੱਠਵੀਂ ਤੱਕ ਮਾਨਤਾ ਭੇਜਦਾ ਹਾਂ।

ਉਪਰੋਕਤ ਮਾਨਤਾ ਹੇਠ ਦਿੱਤੀਆਂ ਸ਼ਰਤਾਂ ਦੇ ਅਧਾਰ ਤੇ ਹੈ ਕਿ :-

1) ਸਕੂਲ ਪ੍ਰਬੰਧਨ ਦੀ ਇਹ ਨਿੱਜੀ ਜ਼ਿਮੇਵਾਰੀ ਹੋਵੇਗੀ ਕਿ ਮਿਆਦ ਅਨੁਸਾਰ ਸਕੂਲ ਦਾ ਬਿਲਡਿੰਗ ਸੇਫਟੀ ਸਰਟੀਫਿਕੇਟ ਅਤੇ ਫਾਇਰ ਸੇਫਟੀ ਸਰਟੀਫਿਕੇਟ ਇਸ ਦਫ਼ਤਰ ਵਿਖੇ ਜਮ੍ਹਾਂ ਕਰਵਾਇਆ ਜਾਵੇ। ਅਣਗਹਿਲੀ ਦੀ ਸੂਰਤ ਵਿੱਚ ਆਪ ਦੇ ਸਕੂਲ ਦੀ ਮਾਨਤਾ ਰੱਦ ਕਰਨ ਦੀ ਪ੍ਰਕਿਰਿਆ ਆਰੰਭੀ ਜਾਵੇਗੀ।

2) ਮਾਨਤਾ ਦੀ ਪ੍ਰਵਾਨਗੀ ਵਾਧੇ ਯੋਗ ਨਹੀਂ ਹੈ ਅਤੇ ਕਿਸੇ ਵੀ ਹਾਲਤ ਵਿੱਚ ਅਠਵੀਂ ਜਮਾਤ ਤੋਂ ਅੱਗੇ ਦੀ ਮਾਨਤਾ / ਐਫੀਲੀਏਸ਼ਨ ਤੇ ਲਾਗੂ ਨਹੀਂ ਹੁੰਦੀ।

3) ਉਕਤ ਮਾਨਤਾ ਆਪ ਦੁਆਰਾ ਦਿੱਤੀ ਗਈ ਸਵੈ ਘੋਸ਼ਨਾ ਦੇ ਆਧਾਰ ਤੇ ਹੈ ਜੇਕਰ ਸਵੈ ਘੋਸ਼ਨਾ ਵਿੱਚ ਦਰਜ਼ ਮੱਦਾਂ ਵਿਚੋਂ ਕੋਈ ਮੱਦ ਗਲਤ ਜਾਂ ਝੂਠੀ ਪਾਈ ਜਾਂਦੀ ਹੈ ਤਾਂ ਇਹ ਮਾਨਤਾ ਰੱਦ ਕਰਨ ਦੀ ਕਾਰਵਾਈ ਸ਼ੁਰੂ ਕਰ ਦਿੱਤੀ ਜਾਵੇਗੀ ।